ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਸੋਰਠਿ ਮਹਲਾ ੧ ਘਰੁ ੧ ਚਉਪਦੇ ॥ ਸਭਨਾ ਮਰਣਾ ਆਇਆ ਵੇਛੋੜਾ ਸਭਨਾਹ ॥ ਪੁਛਹੁ ਜਾਇ ਸਿਆਣਿਆ ਆਗੈ ਮਿਲਣੁ ਕਿਨਾਹ ॥ ਜਿਨ ਮੇਰਾ ਸਾਹਿਬੁ ਵੀਸਰੈ ਵਡੜੀ ਵੇਦਨ ਤਿਨਾਹ ॥੧॥ ਭੀ ਸਾਲਾਹਿਹੁ ਸਾਚਾ ਸੋਇ ॥ ਜਾ ਕੀ ਨਦਰਿ ਸਦਾ ਸੁਖੁ ਹੋਇ ॥ ਰਹਾਉ ॥ ਵਡਾ ਕਰਿ ਸਾਲਾਹਣਾ ਹੈ ਭੀ ਹੋਸੀ ਸੋਇ ॥ ਸਭਨਾ ਦਾਤਾ ਏਕੁ ਤੂ ਮਾਣਸ ਦਾਤਿ ਨ ਹੋਇ ॥ ਜੋ ਤਿਸੁ ਭਾਵੈ ਸੋ ਥੀਐ ਰੰਨ ਕਿ ਰੁੰਨੈ ਹੋਇ ॥੨॥ ਧਰਤੀ ਉਪਰਿ ਕੋਟ ਗੜ ਕੇਤੀ ਗਈ ਵਜਾਇ ॥ ਜੋ ਅਸਮਾਨਿ ਨ ਮਾਵਨੀ ਤਿਨ ਨਕਿ ਨਥਾ ਪਾਇ ॥ ਜੇ ਮਨ ਜਾਣਹਿ ਸੂਲੀਆ ਕਾਹੇ ਮਿਠਾ ਖਾਹਿ ॥ ੩॥ ਨਾਨਕ ਅਉਗੁਣ ਜੇਤੜੇ ਤੇਤੇ ਗਲੀ ਜੰਜੀਰ ॥ ਜੇ ਗੁਣ ਹੋਨਿ ਤ ਕਟੀਅਨਿ ਸੇ ਭਾਈ ਸੇ ਵੀਰ ॥ ਅਗੈ ਗਏ ਨ ਮੰਨੀਅਨਿ ਮਾਰਿ ਕਢਹੁ ਵੇਪੀਰ ॥੪॥੧॥ {ਪੰਨਾ 595}

ਪਦਅਰਥ:- ਆਇਆ—ਆਇਆ, ਜੋ ਜੰਮਦੇ ਹਨ। ਮਰਣਾ—ਮੌਤ। ਮਰਣਾ ਆਇਆ—ਜੰਮਦੇ ਹਨ ਤੇ ਮਰਦੇ ਹਨ, ਜੰਮਦੇ ਹਨ ਤੇ ਮਰਦੇ ਹਨ, ਜੋ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ। ਵੇਛੋੜਾ—ਪ੍ਰਭੂ ਚਰਨਾਂ ਤੋਂ ਵਿਛੋੜਾ। ਆਗੈ—ਪ੍ਰਭੂ ਦੀ ਹਜ਼ੂਰੀ ਵਿਚ। ਕਿਨਾਹ—ਕੇਹੜੇ ਬੰਦਿਆਂ ਨੂੰ? ਵੇਦਨ—ਪੀੜ, ਮਾਨਸਕ ਦੁੱਖ।1।

ਭੀ—ਮੁੜ ਮੁੜ। ਸਾਚਾ—ਸਦਾ-ਥਿਰ ਰਹਿਣ ਵਾਲਾ। ਜਾ ਕੀ—ਜਿਸ ਪ੍ਰਭੂ ਦੀ। ਰਾਹਉ।

ਵਡਾ ਕਰਿ—ਵੱਡਾ ਕਰ ਕੇ, ਇਹ ਆਖ ਕੇ ਕਿ ਉਹ ਸਭ ਤੋਂ ਵੱਡਾ ਹੈ। ਕਿ ਹੋਇ—ਕੀਹ ਲਾਭ ਹੋ ਸਕਦਾ ਹੈ? ਕੋਈ ਲਾਭ ਨਹੀਂ ਹੋ ਸਕਦਾ। ਰੁੰਨੈ—ਰੋਇਆਂ।2।

ਕੋਟ—ਕਿਲ੍ਹੇ। ਗੜ—ਕਿਲ੍ਹੇ। ਕੇਤੀ—ਬਥੇਰੀ ਲੁਕਾਈ। ਵਜਾਇ—(ਨੌਬਤ) ਵਜਾ ਕੇ। ਅਸਮਾਨਿ—ਆਕਾਸ਼ ਤਕ। ਨ ਮਾਵਨੀ—ਨ ਮਾਵਨਿ, ਨਹੀਂ ਮਿਉਂਦੇ। ਤਿਨ ਨਕਿ—ਉਹਨਾਂ ਦੇ ਨੱਕ ਵਿਚ। ਨਥਾ ਪਾਇ—ਨੱਥਾਂ ਪਾਂਦਾ ਹੈ, ਆਕੜ ਭੰਨਦਾ ਹੈ। ਮਨ—ਹੇ ਮਨ! ਸੂਲੀਆ—ਦੁੱਖ ਕਲੇਸ਼। ਕਾਹੇ—ਕਿਉਂ? ਮਿਠਾ ਖਾਹਿ—ਤੂੰ ਮਿੱਠਾ ਖਾਂਦਾ ਹੈਂ, ਤੂੰ ਦੁਨੀਆ ਦੇ ਮਿੱਠੇ ਭੋਗ ਭੋਗਦਾ ਹੈਂ।3।

ਅਉਗੁਣ—ਵਿਕਾਰ, ਪਾਪ। ਤੇਤੇ—ਇਹ ਸਾਰੇ। ਗਲੀ—ਗਲਾਂ ਵਿਚ। ਜੰਜੀਰ—ਫਾਹੀਆਂ। ਕਟੀਅਨਿ—ਕੱਟੇ ਜਾਂਦੇ ਹਨ। ਸੇ—ਇਹੀ। ਅਗੈ ਗਏ—ਸਾਡੇ ਨਾਲ ਗਏ ਹੋਏ। ਮੰਨੀਅਨਿ—ਮੰਨੇ ਜਾਂਦੇ ਹਨ, ਆਦਰ ਪਾਂਦੇ ਹਨ। ਵੇਪੀਰ—ਬੇ-ਮੁਰਸ਼ਿਦੇ, ਵੱਸ ਵਿਚ ਨਾਹ ਆਉਣ ਵਾਲੇ।4।

ਅਰਥ:- (ਹੇ ਭਾਈ!) ਮੁੜ ਮੁੜ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹੋ। ਉਸੇ ਦੀ ਮੇਹਰ ਦੀ ਨਜ਼ਰ ਨਾਲ ਸਦਾ-ਥਿਰ ਰਹਿਣ ਵਾਲਾ ਸੁਖ ਮਿਲਦਾ ਹੈ।1।

(ਜੋ ਜੀਵ ਦੁਨੀਆ ਦੇ ਹੋਛੇ ਸੁਖਾਂ ਦੀ ਖ਼ਾਤਰ ਪ੍ਰਭੂ ਨੂੰ ਭੁਲਾ ਦੇਂਦੇ ਹਨ) ਉਹਨਾਂ ਸਭਨਾਂ ਨੂੰ ਪ੍ਰਭੂ-ਚਰਨਾਂ ਤੋਂ ਵਿਛੋੜਾ ਰਹਿੰਦਾ ਹੈ ਉਹ ਸਾਰੇ ਜੰਮਦੇ ਮਰਦੇ ਹੀ ਰਹਿੰਦੇ ਹਨ। (ਹੇ ਭਾਈ!) ਜਾ ਕੇ ਗੁਰਮੁਖਾਂ ਪਾਸੋਂ ਪਤਾ ਲਵੋ ਕਿ ਪਰਮਾਤਮਾ ਦੇ ਚਰਨਾਂ ਦਾ ਮਿਲਾਪ ਕਿਨ੍ਹਾਂ ਨੂੰ ਹੁੰਦਾ ਹੈ (ਕਿਉਂਕਿ ਸੁਖੀ ਉਹੀ ਹਨ ਜੋ ਪ੍ਰਭੂ-ਚਰਨਾਂ ਵਿਚ ਜੁੜਦੇ ਹਨ)। (ਇਹ ਗੱਲ ਤਾਂ ਪ੍ਰਤੱਖ ਹੈ ਕਿ) ਜਿਨ੍ਹਾਂ ਬੰਦਿਆਂ ਨੂੰ ਪਿਆਰਾ ਮਾਲਕ-ਪ੍ਰਭੂ ਭੁੱਲ ਜਾਂਦਾ ਹੈ ਉਹਨਾਂ ਨੂੰ ਬੜਾ ਆਤਮਕ ਕਲੇਸ਼ ਬਣਿਆ ਰਹਿੰਦਾ ਹੈ।1।

(ਹੇ ਭਾਈ!) ਉਹ ਪਰਮਾਤਮਾ (ਸਦਾ-ਥਿਰ ਹੈ) ਹੁਣ ਭੀ ਮੌਜੂਦ ਹੈ ਅਗਾਂਹ ਨੂੰ ਭੀ ਕਾਇਮ ਰਹੇਗਾ, ਉਸ ਦੀ ਸਿਫ਼ਤਿ-ਸਾਲਾਹ ਕਰੋ (ਤੇ ਆਖੋ) ਕਿ ਉਹ ਸਭ ਤੋਂ ਵੱਡਾ ਦਾਤਾ ਹੈ। (ਹੇ ਭਾਈ! ਆਖੋ—ਹੇ ਪ੍ਰਭੂ!) ਤੂੰ ਸਭ ਜੀਵਾਂ ਨੂੰ ਸਭ ਦਾਤਾਂ ਦੇਣ ਵਾਲਾ ਹੈਂ ਮਨੁੱਖ (ਵਿਚਾਰੇ ਕੀਹ ਹਨ ਕਿ ਉਹਨਾਂ) ਤੋਂ ਕੋਈ ਦਾਤਾਂ ਹੋ ਸਕਣ? (ਹੇ ਭਾਈ!) ਜੋ ਕੁਝ

ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ (ਉਸ ਦੀ ਰਜ਼ਾ ਨੂੰ ਮਿੱਠਾ ਕਰ ਕੇ ਮੰਨੋ, ਕੋਈ ਦੁੱਖ ਕਲੇਸ਼ ਆਉਣ ਤੇ) ਰੰਨਾਂ ਵਾਂਗ ਰੋਣ ਤੋਂ ਕੋਈ ਲਾਭ ਨਹੀਂ ਹੋ ਸਕਦਾ।2।

ਇਸ ਧਰਤੀ ਉਤੇ ਅਨੇਕਾਂ ਆਏ ਜੋ ਕਿਲ੍ਹੇ ਆਦਿਕ ਬਣਾ ਕੇ (ਆਪਣੀ ਤਾਕਤ ਦਾ) ਢੋਲ ਵਜਾ ਕੇ (ਆਖ਼ਰ) ਚਲੇ ਗਏ। ਜੇਹੜੇ ਆਪਣੀ ਤਾਕਤ ਦੇ ਮਾਣ ਵਿਚ ਇਤਨੀ ਧੌਣ ਅਕੜਾਂਦੇ ਹਨ ਕਿ (ਮਾਨੋ) ਅਸਮਾਨ ਦੇ ਹੇਠ ਭੀ ਨਹੀਂ ਮਿਓਂਦੇ, ਉਹ ਪਰਮਾਤਮਾ ਉਹਨਾਂ ਦੀ ਆਕੜ ਭੀ ਭੰਨ ਦੇਂਦਾ ਹੈ। ਸੋ, ਹੇ ਮਨ! ਜੇ ਤੂੰ ਇਹ ਸਮਝ ਲਏਂ ਕਿ ਦੁਨੀਆ ਦੇ ਮੌਜ ਮੇਲਿਆਂ ਦਾ ਨਤੀਜਾ ਦੁੱਖ-ਕਲੇਸ਼ ਹੀ ਹੈ ਤਾਂ ਤੂੰ ਦੁਨੀਆ ਦੇ ਭੋਗਾਂ ਵਿਚ ਹੀ ਕਿਉਂ ਮਸਤ ਰਹੇਂ?।3।

ਹੇ ਨਾਨਕ! (ਦੁਨੀਆ ਦੇ ਸੁਖ ਮਾਣਨ ਦੀ ਖ਼ਾਤਰ) ਜਿਤਨੇ ਭੀ ਪਾਪ-ਵਿਕਾਰ ਅਸੀਂ ਕਰਦੇ ਹਾਂ, ਇਹ ਸਾਰੇ ਪਾਪ-ਵਿਕਾਰ ਸਾਡੇ ਗਲਾਂ ਵਿਚ ਫਾਹੀਆਂ ਬਣ ਜਾਂਦੇ ਹਨ (ਇਹ ਹੋਰ ਹੋਰ ਪਾਪਾਂ ਵਲ ਧ੍ਰੂਹ ਕੇ ਲੈ ਜਾਂਦੇ ਹਨ), ਇਹ ਪਾਪ-ਫਾਹੀਆਂ ਤਦੋਂ ਹੀ ਕੱਟੀਆਂ ਜਾ ਸਕਦੀਆਂ ਹਨ ਜੇ ਸਾਡੇ ਪੱਲੇ ਗੁਣ ਹੋਣ। ਗੁਣ ਹੀ ਅਸਲ ਭਾਈ ਮਿਤ੍ਰ ਹਨ। (ਇਥੋਂ) ਸਾਡੇ ਨਾਲ ਗਏ ਹੋਏ ਪਾਪ-ਵਿਕਾਰ (ਅਗਾਂਹ) ਆਦਰ ਨਹੀਂ ਪਾਂਦੇ। ਇਹਨਾਂ ਬੇ-ਮੁਰਸ਼ਿਦਾਂ ਨੂੰ (ਹੁਣੇ ਹੀ) ਮਾਰ ਕੇ ਆਪਣੇ ਅੰਦਰੋਂ ਕੱਢ ਦਿਉ।4।1।